ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ੍ਰੀ ਐਸ.ਪੀ. ਵਰਮਾ, (75893-28784)
143, ਐਨ.ਐਮ.ਐਸ. ਕਲੌਨੀ,
ਪਟਿਆਲਾ-147004. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡੀਨ-ਅਕੈਡਮਿਕ ਅਫੇਅਰਜ਼,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:3191 ਆਫ਼ 2018**

**ਹਾਜ਼ਰ:-** 1) ਸ੍ਰੀ ਐਸ.ਪੀ. ਵਰਮਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 19-04-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਗੈਸਟ ਫੈਕਲਟੀ-ਲਾਅ ਦੀ ਆਸਾਮੀ ਲਈ ਚੋਣ/ਨਿਯੁਕਤੀ ਨਾਲ ਸਬੰਧਤ 6 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਦਿੱਤੀ ਗਈ ਸੂਚਨਾ ਨੂੰ ਅਪੀਲਕਰਤਾ ਵੱਲੋਂ ਨਾ-ਤਸੱਲੀਬਖਸ਼ ਪਾਉਣ ਕਾਰਨ ਉਸ ਨੇ ਮਿਤੀ 09-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 21-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਦੱਸਿਆ ਕਿ ਅਪੀਲਕਰਤਾ ਵੱਲੋਂ ਪਹਿਲਾਂ ਵੀ ਸ਼ਿਕਾਇਤ ਕੇਸ ਨੰ:621/2018 ਰਾਹੀਂ ਅਜਿਹੀ ਹੀ ਸੂਚਨਾ ਮੰਗੀ ਗਈ ਸੀ ਅਤੇ ਉਸ ਕੇਸ ਵਿੱਚ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਉਂਦੇ ਹੋਏ ਆਪਣੇ ਹੁਕਮ, ਮਿਤੀ 25-07-2019 ਰਾਹੀਂ ਦਾਖਲ ਦਫਤਰ ਕਰ ਦਿੱਤਾ ਗਿਆ ਸੀ। ਇਸ ਸਬੰਧੀ ਉੱਤਰਦਾਤਾ ਵੱਲੋਂ ਆਪਣੇ ਪੱਤਰ ਨੰ:7969-ਐਸ-5/307, ਮਿਤੀ 04-12-2018 ਰਾਹੀਂ ਲਿਖਤੀ ਰੂਪ

ਚਲਦਾ---ਪੰਨਾ/2

**ਅਪੀਲ ਕੇਸ ਨੰ:3191 ਆਫ਼ 2018**

ਵਿੱਚ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਜਿਸ ਅਨੁਸਾਰ ਪਹਿਲਾਂ ਮਿਤੀ 05-07-2018 ਨੂੰ ਅਪੀਲਕਰਤਾ ਨੂੰ ਸੂਚਨਾ ਦਿੱਤੀ ਗਈ ਸੀ। ਉਨ੍ਹਾਂ ਵੱਲੋਂ ਹਥਲੇ ਕੇਸ ਵਿੱਚ ਵੀ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੱਕੀ ਹੈ। ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਅਪੀਲ ਦਾਇਰ ਕਰਨ ਸਮੇਂ ਪਹਿਲੇ ਕੇਸ ਦਾ ਜ਼ਿਕਰ ਨਹੀਂ ਕੀਤਾ ਗਿਆ ਸੀ ਜਦੋਂ ਕਿ ਉਸ ਵੱਲੋਂ ਕਮਿਸ਼ਨ ਵਿਖੇ ਦੂਜੀ ਅਪੀਲ ਦਾਇਰ ਕਰਨ ਵੇਲੇ ਇਹ ਸਰਟੀਫਿਕੇਟ ਵੀ ਪੇਸ਼ ਕੀਤਾ ਹੋਇਆ ਹੈ ਕਿ ਅਜਿਹਾ ਮਾਮਲਾ ਪਹਿਲਾਂ ਕਦੇ ਵੀ ਉਸ ਵੱਲੋਂ ਕਮਿਸ਼ਨ ਵਿਖੇ ਦਾਇਰ ਨਹੀਂ ਕੀਤਾ ਗਿਆ ਜਾਂ ਕਮਿਸ਼ਨ ਵਿਖੇ ਲੰਬਿਤ ਹੋਵੇ ਜਾਂ ਕਿਸੇ ਕਮਿਸ਼ਨਰ ਵੱਲੋਂ ਪਹਿਲਾਂ ਫੈਸਲਾ ਕੀਤਾ ਹੋਵੇ।ਜਦੋਂ ਅਪੀਲਕਰਤਾ ਨੂੰ ਇਸ ਬਾਰੇ ਪੁੱਛਿਆ ਗਿਆ ਕਿ ਉਸ ਨੇ ਪਹਿਲੇ ਕੇਸ ਦਾ ਜ਼ਿਕਰ ਕਿਉਂ ਨਹੀਂ ਕੀਤਾ ਗਿਆ ਤਾਂ ਉਸ ਵੱਲੋਂ ਇਸ ਬਾਰੇ ਕੋਈ ਉੱਤਰ ਦੇਣ ਦੀ ਬਜਾਏ ਉੱਚੀ-ਉੱਚੀ ਬੋਲ ਕੇ ਆਪਣੀ ਗੱਲ ਮਨਵਾਉਣ ਲਈ ਕਮਿਸ਼ਨ ਤੇ ਦਬਾਅ ਪਾਇਆ ਗਿਆ ਅਤੇ ਕਮਿਸ਼ਨ ਪ੍ਰਤੀ ਮੰਦੀ ਭਾਸ਼ਾ ਦਾ ਪ੍ਰਯੋਗ ਕੀਤਾ ਗਿਆ ਜ਼ੋ ਕਿ ਅਤਿ ਨਿੰਦਣਯੋਗ ਹੈ ਅਤੇ ਇਸ ਤਰ੍ਹਾਂ ਅਪੀਲਕਰਤਾ ਵੱਲੋਂ ਕਮਿਸ਼ਨ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਗਈ ਗਈ ਹੈ। ਉੱਤਰਦਾਤਾ ਵੱਲੋਂ ਪਹਿਲਾਂ ਮਿਤੀ 05-07-2018 ਨੂੰ ਅਤੇ ਹੁਣ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 11 ਦਸੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਗਗਨਦੀਪ, (98787-89360)
ਮਕਾਨ ਨੰ:3229, ਕੋਰਟ ਰੋਡ,
ਬਠਿੰਡਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਕੱਤਰ,
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੈਕਸ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਕੱਤਰ,
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੈਕਸ, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3207 ਆਫ਼ 2018**

**ਹਾਜ਼ਰ:-** 1) ਸ੍ਰੀ ਗਗਨਦੀਪ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੁਨੀਸ਼ ਗਰਗ, ਸੀਨੀਅਰ ਸਹਾਇਕ (98722-17679)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 11-06-2018, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਵਣ ਕੰਪਲੈਕਸ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੀ.ਡੈਕ ਮੁਹਾਲੀ ਵੱਲੋਂ ਇਸ਼ਤਿਹਾਰ ਨੰ:5/2011 ਅਨੁਸਾਰ ਸਹਾਇਕ ਖਜ਼ਾਨਚੀਆਂ ਦੀਆਂ ਆਸਾਮੀਆਂ ਵਾਸਤੇ ਲਈ ਗਈ ਪ੍ਰੀਖਿਆ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਮੁਨੀਸ਼ ਗਰਗ, ਸੀਨੀਅਰ ਸਹਾਇਕ, ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:1/62/2018-3ਅ(ਅਸਚਬ)/2187-88, ਮਿਤੀ 06-12-2018 ਰਾਹੀਂ ਉਨ੍ਹਾਂ ਕੋਲ ਉਪਲਬਧ ਸੂਚਨਾ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਉਸ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਕੁੱਝ ਸੂਚਨਾ ਦਾ ਸਬੰਧ ਡਾਇਰੈਕਟਰ, ਖਜ਼ਾਨਾ ਤੇ ਲੇਖਾ, ਪੰਜਾਬ, ਚੰਡੀਗੜ੍ਹ ਨਾਲ ਹੋਣ ਕਾਰਨ ਉਸ ਦੀ ਆਰ.ਟੀ.ਆਈ. ਅਰਜ਼ੀ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਪੱਤਰ ਨੰ:1/62/2018-3ਅ(ਅਸਚਬ)/2184-86, ਮਿਤੀ 06-12-2018 ਰਾਹੀਂ ਸਬੰਧਤ ਵਿਭਾਗ ਨੂੰ ਤਬਦੀਲ ਕਰ ਦਿੱਤੀ ਗਈ ਹੈ ਅਤੇ ਇਸ ਬਾਰੇ ਅਪੀਲਕਰਤਾ ਨੂੰ ਵੀ ਸੂਚਿਤ ਕੀਤਾ ਜਾ ਚੁੱਕਾ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 15-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 11 ਦਸੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਹਰਦੀਪ ਸਿੰਘ, (94641-16767)
ਪੁੱਤਰ ਸ਼੍ਰੀ ਕਰਤਾਰ ਸਿੰਘ,
ਐਫ-22/488,
ਗੁਰੂ ਰਵੀਦਾਸ ਮੰਦਿਰ ਦੇ ਪਿੱਛੇ,
ਮੁਸਤਫਾਬਾਦ, ਬਟਾਲਾ ਰੋਡ,
ਅੰਮ੍ਰਿਤਸਰ। .........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਖੋਜ਼ ਅਤੇ
ਮੈਡੀਕਲ ਸਿੱਖਿਆ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਖੋਜ਼ ਅਤੇ
ਮੈਡੀਕਲ ਸਿੱਖਿਆ, ਪੰਜਾਬ,
ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3290 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਦੇਵ ਸਿੰਘ, ਸੁਪਰਡੰਟ (84278-17430)ਅਤੇ ਸ਼੍ਰੀ ਮਹਾਂਦੇਵ ਪ੍ਰਸ਼ਾਦ, ਜੂਨੀਅਰ ਸਹਾਇਕ (96538-88233)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 26-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਖੋਜ਼ ਅਤੇ ਮੈਡੀਕਲ ਸਿੱਖਿਆ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਐਲ.ਏ. ਤੋਂ ਐਮ.ਐਲ.ਟੀ.-।। ਪ੍ਰਮੋਟ ਕਰਨ ਨਾਲ ਸਬੰਧਤ 03 **ਨੁਕਤਿਆਂ** ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਬਲਦੇਵ ਸਿੰਘ, ਸੁਪਰਡੰਟ, ਨੇ ਪੱਤਰ ਨੰ:4ਐਮ.ਈ.2-ਪੰ-2018/20590, ਮਿਤੀ 29-11-2018 ਦੀ ਦਫ਼ਤਰੀ ਕਾਪੀ ਪੇਸ਼ ਕੀਤੀ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਫਿਰ ਵੀ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 09-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਸੱਤਿਆ ਪਾਲ ਬਾਂਸਲ, (78889-27021)
#347, ਸੈਕਟਰ 30-ਏ,
ਚੰਡੀਗੜ-160030। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3306 ਆਫ਼ 2018**

**ਹਾਜ਼ਰ:-**
1) ਸ੍ਰੀ ਸੱਤਿਆ ਪਾਲ ਬਾਂਸਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ (98720-89729)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 26-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਵੱਲੋਂ ਆਪਣੇ ਮੀਮੋ:ਨੰ:1/26-2007-ਪੈਨਸ਼ਨ ਸੈੱਲ, ਮਿਤੀ 02-01-2008 ਰਾਹੀਂ ਸਮੂਹ ਕਾਲਿਜ਼ਾਂ ਦੇ ਪ੍ਰਿੰਸੀਪਲਾਂ ਨੂੰ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ ਨੇ ਪੱਤਰ ਨੰ:16/05-2018-ਗ੍ਰਾਂਟ-2(5), ਮਿਤੀ 04-09-2018 ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਮਿਤੀ 04-09-2018 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਅਪੀਲਕਰਤਾ ਨੇ ਰਜਿਸਟਰੀ ਵਾਲਾ ਲਿਫ਼ਾਫਾ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉੱਤਰਦਾਤਾ ਵੱਲੋਂ ਮਿਤੀ 04-09-2018 ਵਾਲਾ ਪੱਤਰ ਮਿਤੀ 26-09-2018 ਨੂੰ ਰਜਿਸਟਰੀ ਰਾਹੀਂ ਭੇਜਿਆ ਗਿਆ ਹੈ ਜੋ ਕਿ ਉਸ ਨੂੰ 29-09-2018 ਨੂੰ ਪ੍ਰਾਪਤ ਹੋਇਆ ਹੈ। ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ

ਚਲਦਾ---ਪੰਨਾ/2

**ਅਪੀਲ ਕੇਸ ਨੰ:3306 ਆਫ਼ 2018**

ਉੱਤਰਦਾਤਾ ਵੱਲੋਂ ਇਸ ਪੱਤਰ ਰਾਹੀਂ ਅਪੀਲਕਰਤਾ ਨੂੰ ਸੂਚਨਾ ਨਹੀਂ ਦਿੱਤੀ ਗਈ ਬਲਕਿ ਕੇਵਲ ਇਹ ਸੂਚਿਤ ਕੀਤਾ ਗਿਆ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਬਾਰੇ ਐਸ.ਐਸ.ਡੀ. ਕਾਲਿਜ ਬਠਿੰਡਾ ਦੇ ਨਾਲ ਮਾਨਯੋਗ ਹਾਈ ਕੋਰਟ ਵਿੱਚ ਮੁਕੱਦਮਾ ਪੈਂਡਿੰਗ ਹੈ, ਜਿਸ ਕਰਕੇ ਆਰ.ਟੀ.ਆਈ. ਐਕਟ ਦੀ ਧਾਰਾ 8(11) ਬੀ ਦੇ ਅਨੁਸਾਰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਇਸ ਲਈ ਅਪੀਲਕਰਤਾ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਉਨ੍ਹਾਂ ਵੱਲੋਂ ਮਿਤੀ 04-09-2018 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਗਈ ਹੈ ਜਦੋਂ ਕਿ ਅਪੀਲਕਰਤਾ ਦੇ ਦੱਸਣ ਮੁਤਾਬਿਕ ਉਨ੍ਹਾਂ ਵੱਲੋਂ ਇਹ ਪੱਤਰ ਮਿਤੀ 26-09-2018 ਨੂੰ ਰਜਿਸਟਰੀ ਰਾਹੀਂ ਭੇਜਿਆ ਗਿਆ ਹੈ। ਇਸ ਤਰ੍ਹਾਂ ਕਰਕੇ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਹਦਾਇਤ ਕੀਤੀ ਜਾਂਦੀ ਹੈ ਕਿ ਮਿਤੀ 04-09-2018 ਵਾਲੇ ਪੱਤਰ ਨੂੰ 22 ਦਿਨ ਲੇਟ ਪੋਸਟ ਕਰਨ ਲਈ ਸਬੰਧਤ ਕਰਮਚਾਰੀ ਦੀ ਜ਼ਿੰਮੇਵਾਰ ਨਿਸਚਿਤ ਕਰਦੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 15-01-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 11 **ਦਸੰਬਰ,** 2018.

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਅਸ਼ੋਕ ਕੁਮਾਰ, (94178-00927)
ਮਕਾਨ ਨੰ:214,
ਪਾਈਨ ਹੋਮਜ਼, ਢਕੋਲੀ,
ਜ਼ੀਰਕਪੁਰ-160104. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜਨਰਲ ਮੈਨੇਜਰ,
ਜ਼ਿਲ੍ਹਾ ਉਦਯੋਗ ਕੇਂਦਰ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਜ਼ਿਲ੍ਹਾ ਉਦਯੋਗ-ਕਮ-
ਮੈਨੇਜਿੰਗ ਡਾਇਰੈਕਟਰ,
ਉਦਯੋਗ ਭਵਨ, ਪੰਜਾਬ,
ਚੰਡੀਗੜ੍ਹ। ........ ਉੱਤਰਦਾਤਾ

**ਅਪੀਲ ਕੇਸ ਨੰ:3307 ਆਫ਼ 2018**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਗਜੀਤ ਸਿੰਘ, ਜੇ.ਟੀ.ਏ. (98722-81746)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 31-05-2018, ਲੋਕ ਸੂਚਨਾ ਅਧਿਕਾਰੀ ਦਫਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮੁਹਾਲੀ ਜ਼ਿਲ੍ਹੇ ਵਿੱਚ ਰਜਿਸਟਰਡ ਰੈਜੀਡੈਂਟਸ ਵੈੱਲਫੇਅਰ ਸੁਸਾਇਟੀਜ਼ ਨਾਲ ਸਬੰਧਤ 03 **ਨੁਕਤਿਆਂ** ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਗਜੀਤ ਸਿੰਘ, ਜੇ.ਟੀ.ਏ. ਨੇ ਪੱਤਰ ਨੰ:2838, ਮਿਤੀ 27-11-2018 ਦੀ ਕਾਪੀ ਪੇਸ਼ ਕੀਤੀ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਪੱਤਰ ਤੇ ਅਪੀਲਕਰਤਾ ਵੱਲੋਂ ਸੂਜਨਾ ਪ੍ਰਾਪਤੀ ਵਜੋਂ ਹਸਤਾਖਰ ਵੀ ਕੀਤੇ ਹੋਏ ਹਨ ਅਤੇ ਪ੍ਰਾਪਤ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਵੀ ਕੀਤੀ ਗਈ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 03-12-2018 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਚੁੱਕੀ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

-

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 11 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ੍ਰੀ ਗੁਰਪਾਲ ਸਿੰਘ,(97818-00638)
ਮਕਾਨ ਨੰ:ਐਚ.ਐਲ.-638,
ਫੇਸ-9, ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3329 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਏ.ਐਨ.ਐਮ. ਅਤੇ ਜੀ.ਐਨ.ਐਮ. ਦੀ ਰਜਿਸਟਰੇਸ਼ਨ ਲਈ ਐਨ.ਓ.ਸੀ ਜਾਰੀ ਕਰਨ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਆਪਣੀ ਗੈਰ-ਹਾਜ਼ਰੀ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 22-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 11 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਸੰਜੀਵ ਗੋਇਲ, (98141-97689)
ਪੁੱਤਰ ਸ਼੍ਰੀ ਅਸ਼ੋਕ ਕੁਮਾਰ,
ਕੋਠੀ ਨੰ:148, ਮਾਡਲ ਟਾਊਨ,
ਫੇਸ-1, ਨੇੜੇ ਟੀ.ਵੀ.ਟਾਵਰ,
ਬਠਿੰਡਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜ਼ਿਲ੍ਹਾ ਉਦਯੋਗ ਕੇਂਦਰ,
ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਜਨਰਲ ਮੈਨਜਰ,
ਜ਼ਿਲ੍ਹਾ ਉਦਯੋਗ ਕੇਂਦਰ,
ਬਠਿੰਡਾ। ........ ਉੱਤਰਦਾਤਾ

**ਅਪੀਲ ਕੇਸ ਨੰ:3346 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਸ਼੍ਰੀ ਮਦਨ ਲਾਲ, ਵਾਸੀ ਬਠਿੰਡਾ (98723-67068)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰੀਤ ਮਹਿੰਦਰ ਸਿੰਘ ਬਰਾੜ, ਫੰਕਸ਼ਨਲ ਮੈਨੇਜਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ (98145-68648)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 16-05-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਉਦਯੋਗ ਕੇਂਦਰ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਬਠਿੰਡਾ ਜ਼ਿਲ੍ਹੇ ਵਿੱਚ ਸਾਰੀਆਂ ਸੁਸਾਇਟੀਆਂ, ਕਲੱਬਾਂ ਅਤੇ ਸਮੂਹ ਐਨ.ਜੀ.ਓਜ਼ ਦੀ ਰਜਿਸਟਰੇਸ਼ਨ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਦੇ ਨੁਮਾਇੰਦੇ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰੀਤ ਮਹਿੰਦਰ ਸਿੰਘ ਬਰਾੜ, ਫੰਕਸ਼ਨਲ ਮੈਨੇਜਰ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2638, ਮਿਤੀ 22-11-2018 ਰਾਹੀਂ ਪਹਿਲਾਂ ਹੀ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਹੋਇਆ ਹੈ ਜਿਸ ਅਨੁਸਾਰ ਉੱਤਰਦਾਤਾ ਵੱਲੋਂ ਆਪਣੇ ਪੱਤਰ ਨੰ:1446, ਮਿਤੀ 11-06-2018 ਰਾਹੀਂ ਅਪੀਲਕਰਤਾ ਨੂੰ ਜਵਾਬ ਭੇਜਿਆ ਹੋਇਆ ਹੈ। ਉੱਤਰਦਾਤਾ ਵੱਲੋਂ ਆਪਣੇ ਪੱਤਰ ਵਿੱਚ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ ਕਿ ਸੋਸਾਇਟੀ

ਚਲਦਾ--- ਪੰਨ/2

**ਅਪੀਲ ਕੇਸ ਨੰ:3346 ਆਫ਼ 2018**

ਰਜਿਸਟਰੇਸ਼ਨ ਸ਼ਾਖਾ ਵੱਲੋਂ ਪ੍ਰਾਪਤ ਰਿਪੋਰਟ ਮੁਤਾਬਿਕ ਉਨ੍ਹਾਂ ਦੇ ਦਫ਼ਤਰ ਪਾਸ 5000 ਦੇ ਲਗਭਗ ਸਾਲ 1999 ਤੋਂ 2018 ਤੱਕ ਸੋਸਾਇਟੀਆਂ ਐਕਟ 1860 ਤਹਿਤ ਰਜਿਸਟਰਡ ਕੀਤੀਆਂ ਗਈਆਂ ਹਨ। ਇਸ ਕਰਕੇ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਕਿਹਾ ਗਿਆ ਸੀ ਕਿ ਜੇਕਰ ਕਿਸੇ ਨਾਮ ਦੀ ਸੋਸਾਇਟੀ ਦੀ ਫਾਈਲ ਦੀ ਜ਼ਰੂਰਤ ਹੋਵੇ ਤਾਂ ਉਸ ਦਾ ਨਾਮ ਦੱਸ ਕੇ ਪ੍ਰਾਪਤ ਕਰ ਲਈ ਜਾਵੇ। ਹਾਜ਼ਰ ਉੱਤਰਦਾਤਾ ਵੱਲੋਂ ਫਿਰ ਦੁਹਰਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਬਲਕੀ ਹੋਣ ਕਾਰਨ ਉਹ ਕਿਸੇ ਕੰਮ ਵਾਲੇ ਦਿਨ ਉਨ੍ਹਾਂ ਦੇ ਦਫ਼ਤਰ ਜਾ ਕੇ ਆਰ.ਟੀ.ਆਈ. ਐਕਟ, 2005 ਦੇ ਨਿਯਮਾਂ ਅਨੁਸਾਰ ਬਣਦੀ ਫੀਸ ਜਮ੍ਹਾਂ ਕਰਵਾ ਕੇ ਲੋੜੀਂਦੀ ਸੂਚਨਾ ਪ੍ਰਾਪਤ ਕਰ ਸਕਦਾ ਹੈ। ਅਪੀਲਕਰਤਾ ਦੇ ਨੁਮਾਇੰਦੇ ਵੱਲੋਂ ਉੱਤਰਦਾਤਾ ਦੇ ਦਫ਼ਤਰ ਜਾ ਕੇ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟ ਕੀਤੀ ਗਈ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 15-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ**, 11 **ਦਸੰਬਰ**, 2018.

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਦਿਨੇਸ਼ ਕੁਮਾਰ, (96461-00100)
ਪੁੱਤਰ ਸ਼੍ਰੀ ਦੌਲਤ ਰਾਮ,
ਵਾਸੀ ਪਿੰਡ ਰੱਤੇਵਾਲ,
ਤਹਿਸੀਲ ਬਲਾਚੌਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਐਮ.ਬੀ.ਜੀ. ਸਰਕਾਰੀ ਕਾਲਿਜ,
ਪੋਜੇਵਾਲ, ਤਹਿਸੀਲ ਬਲਾਚੌਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਬਲਾਚੌਰ,ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ------ਉੱਤਰਦਾਤਾ

**ਅਪੀਲ ਕੇਸ ਨੰ:2918 ਆਫ 2018**

**ਹਾਜ਼ਰ:-** 1) ਸ਼੍ਰੀ ਦਿਨੇਸ਼ ਕੁਮਾਰ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ) ਵੱਲੋਂ ਸ਼੍ਰੀ ਮਧੂ ਸੂਦਨ ਕਾਲੀਆ, ਸੁਪਰਡੰਟ (95924-14877)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 08-05-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੌਰ, ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਵੱਲੋਂ ਐਮ.ਬੀ.ਜੀ. ਸਰਕਾਰੀ ਕਾਲਿਜ, ਪੋਜੇਵਾਲ, ਤਹਿਸੀਲ ਬਲਾਚੌਰ,ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੌਰ, ਵੱਲੋਂ ਆਪਣੇ ਪੱਤਰ ਮਿਤੀ 10-05-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਪ੍ਰਿੰਸੀਪਲ, ਐਮ.ਬੀ.ਜੀ. ਸਰਕਾਰੀ ਕਾਲਿਜ, ਪੋਜੇਵਾਲ, ਤਹਿਸੀਲ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਨੂੰ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 30-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-09-2018 ਨੂੰ ਪਹਿਲੀ ਸੁਣਵਾਈ, ਮਿਤੀ 23-10-2018 ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ । ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਮਧੂ ਸੂਦਨ ਕਾਲੀਆ, ਸੁਪਰਡੰਟ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1179-80, ਮਿਤੀ 06-12-2018 ਰਾਹੀਂ ਰਜਿਸਟਰਡ ਡਾਕ ਦੁਆਰਾ ਮਿਤੀ 07-12-2018 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਸੂਚਨਾ ਦਾ ਕਾਪੀ ਦੁਬਾਰਾ ਦਸਤੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਤਰਨ ਤਾਰਨ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਤਰਨ ਤਾਰਨ। ........ ਉੱਤਰਦਾਤਾ

**ਅਪੀਲ ਕੇਸ ਨੰ:2599 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਦੇਵ ਸਿੰਘ, ਸੀਨੀਅਰ ਸਹਾਇਕ (81465-58666)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2018, ਲੋਕ ਸੂਚਨਾ ਅਧਿਕਾਰੀ ਦਫਤਰ ਫੂਡ ਸੇਫਟੀ ਅਫਸਰ, ਤਰਨ ਤਾਰਨ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ, 2018 ਤੱਕ ਆਰ.ਟੀ.ਆਈ. ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 06-09-2018 ਨੂੰ ਪਹਿਲੀ ਸੁਣਵਾਈ ਮਿਤੀ 26-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 12-11-2018 ਅਨੁਸਾਰ ਉਸ ਨੂੰ ਅਜੇ ਤੱਕ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦੀ ਰਾਸ਼ੀ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਬਲਦੇਵ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਸਬੰਧਤ ਕਰਮਚਾਰੀ ਦੇ ਛੁੱਟੀ ਤੇ ਹੋਣ ਕਾਰਨ 2000/-ਰੁਪਏ ਦਾ ਲੋੜੀਂਦਾ ਬੈਂਕ ਡਰਾਫਟ ਤਿਆਰ ਨਹੀਂ ਕਰਵਾਇਆ ਜਾ ਸਕਿਆ। ਪਰੰਤੂ ਉਸ ਵੱਲੋਂ ਅਪੀਲਕਰਤਾ ਨੂੰ ਆਪਣੀ ਜੇਬ ਵਿੱਚੋਂ ਮੁਆਵਜ਼ੇ ਵਜੋਂ 2000/-ਰੁਪਏ ਦੀ ਪੇਸ਼ੀ ਦੌਰਾਨ ਨਕਦ ਅਦਾਇਗੀ ਕਰ ਦਿੱਤੀ ਗਈ ਹੈ, ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਹਾਜ਼ਰ ਉੱਤਰਦਾਤਾ ਕਰਮਚਾਰੀ (ਸ਼੍ਰੀ ਬਲਦੇਵ ਸਿੰਘ, ਸੀਨੀਅਰ ਸਹਾਇਕ) ਨੂੰ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦੀ ਅਦਾਇਗੀ ਕਰ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 11 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com)  FaX:0172^2864125,2864110

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. .......ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਗੁਰਦਾਸਪੁਰ। ........ ਉੱਤਰਦਾਤਾ

**ਅਪੀਲ ਕੇਸ ਨੰ:2606 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋ ਡਾਕਟਰ ਕਮਲ ਕਿਸ਼ੋਰ, ਡੀ.ਆਈ.ਓ.-ਕਮ-ਲੋਕ ਸੂਚਨਾ ਅਧਿਕਾਰੀ (98760-885676) ਦਫ਼ਤਰ ਸਿਵਲ ਸਰਜਨ, ਗੁਰਦਾਸਪੁਰ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2018, ਲੋਕ ਸੂਚਨਾ ਅਧਿਕਾਰੀ ਦਫਤਰ ਫੂਡ ਸੇਫਟੀ ਅਫਸਰ, ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ, 2018 ਤੱਕ ਆਰ.ਟੀ.ਆਈ. ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24 -05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 06-09-2018 ਨੂੰ ਪਹਿਲੀ ਸੁਣਵਾਈ ਮਿਤੀ 26-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 12-11-2018 ਅਨੁਸਾਰ ਉਸ ਨੂੰ ਅਜੇ ਤੱਕ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਡਾਕਟਰ ਕਮਲ ਕਿਸ਼ੋਰ, ਡੀ.ਆਈ.ਓ.-ਕਮ-ਲੋਕ ਸੂਚਨਾ ਅਧਿਕਾਰੀ ਨੇ ਕਿਹਾ ਹੈ ਕਿ 3000/-ਰੁਪਏ ਦਾ ਲੋੜੀਂਦਾ ਬੈਂਕ ਡਰਾਫਟ ਤਿਆਰ ਨਹੀਂ ਕਰਵਾਇਆ ਜਾ ਸਕਿਆ। ਪਰੰਤੂ ਉਸ ਵੱਲੋਂ ਅਪੀਲਕਰਤਾ ਨੂੰ ਆਪਣੀ ਜੇਬ ਵਿੱਚੋਂ ਮੁਆਵਜ਼ੇ ਵਜੋਂ 3000/-ਰੁਪਏ ਦੀ ਪੇਸ਼ੀ ਦੌਰਾਨ ਨਕਦ ਅਦਾਇਗੀ ਕਰ ਦਿੱਤੀ ਗਈ ਹੈ, ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਹਾਜ਼ਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਪ੍ਰਤੀਪੂਰਤੀ ਆਪਣੇ ਦਫ਼ਤਰ ਤੋਂ ਕਰਨ ਦਾ ਹੱਕਦਾਰ ਹੋਵੇਗਾ। ਇਸ ਕੇਸ ਵਿੱਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਗੁਰਪਾਲ ਸਿੰਘ, (97818-00638)
ਮਕਾਨ ਨੰ:638, ਫੇਸ-9,
ਮੁਹਾਲੀ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਮੁਹਾਲੀ। -----ਉੱਤਰਦਾਤਾ

**ਅਪੀਲ ਕੇਸ ਨੰ:3176 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਦੋਵੇਂ ਧਿਰਾਂ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਆਪਣੀ ਗੈਰ-ਹਾਜ਼ਰੀ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ।

2. ਪਿਛਲੀ ਪੇਸ਼ੀ, ਮਿਤੀ 19-11-2018 ਤੇ ਹਾਜ਼ਰ ਅਪੀਲਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਪਰੰਤੂ ਉਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਆਪਣੀ ਗੈਰ-ਹਾਜ਼ਰੀ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫ਼ਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 22-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀਮਤੀ ਪੂਨਮ ਗੁਪਤਾ, (98769-29371)
ਵਾਸੀ 10, ਨੇਤਾ ਜੀ ਪਾਰਕ,
ਨੇੜੇ ਹੋਟਲ ਕਮਲ ਪੈਲੇਸ,
ਜੰਲਧਰ-144001. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤੜ੍ਹਰ ਪ੍ਰਿੰਸੀਪਲ, ਕੰਨਿਆ ਮਹਾਂ ਵਿਦਿਆਲਿਆ,
ਜੰਲਧਰ।

ਪਹਿਲੀ ਅਪੀਲੀ ਅਥਾਰਟੀ,
ਦਫਤੜ੍ਹਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜੰਲਧਰ। ------ਉੱਤਰਦਾਤਾ

**ਅਪੀਲ ਕੇਸ ਨੰ: 2877 ਆਫ 2018**

**ਹਾਜ਼ਰ:**

1) ਅਪੀਲਕਰਤਾ ਵਲੋ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ (98145-06858) ਦੀ ਤਰਫੋਂ ਸ਼੍ਰੀ ਨਿਤਿਨ ਵਰਮਾ, ਐਡਵੋਕੇਟ (90414-88229)।

**ਹੁਕਮ:-**

ਅੱਜ ਪੇਸ਼ੀ ਸਮੇਂ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਵੱਲੋਂ ਦੱਸਿਆ ਗਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਨੇ ਕੁੱਝ ਨਿੱਜੀ ਮੁਸ਼ਕਿਲ ਕਾਰਨ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 10-12-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਤੋਂ ਇਲਾਵਾ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਦੀ ਤਰਫੋਂ ਸ਼੍ਰੀ ਨਿਤਿਨ ਵਰਮਾ, ਐਡਵੋਕੇਟ ਨੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਵੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਬਾਰੇ ਕੁੱਝ ਸਮੇਂ ਦੀ ਮੰਗ ਕੀਤੀ ਹੈ।

2. ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 20-11-2018 ਰਾਹੀਂ ਲੋਕ ਸੂਚਨਾ ਅਧਿਕਾਰੀ (ਪ੍ਰਿੰਸੀਪਲ) ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਵਿੱਚ ਪੇਸ਼ੀ ਤੇ ਖੁਦ ਹਾਜ਼ਰ ਹੋ ਕੇ ਕੇਸ ਦੀ ਸਹੀ ਸਥਿਤੀ ਤੋਂ ਕਮਿਸ਼ਨ ਨੂੰ ਜਾਣੂ ਕਰਵਾਇਆ ਜਾਵੇ ਅਤੇ ਕਮਿਸ਼ਨ ਦਾ ਕੀਮਤੀ ਸਮਾਂ ਬੇਵਜ੍ਹਾ ਬਰਬਾਦ ਨਾ ਕੀਤਾ ਜਾਵੇ। ਪਰੰਤੂ ਉਨ੍ਹਾਂ ਵੱਲੋਂ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਹੀਂ ਕੀਤੀ ਗਈ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ (ਪ੍ਰਿੰਸੀਪਲ) ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕਮਿਸ਼ਨ ਦੇ ਹੁਕਮਾਂ ਦੀ ਪਾਲਣਾ ਨਾ ਕਰਨ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫ਼ਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 09-01-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 11 **ਦਸੰਬਰ,** 2018. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀਮਤੀ ਪੂਨਮ ਗੁਪਤਾ, (98769-29371)
ਵਾਸੀ 10, ਨੇਤਾਜੀ ਪਾਰਕ,
ਨੇੜੇ ਹੋਟਲ ਕਮਲ ਪੈਲੇਸ,
ਜਲੰਧਰ-144001. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ..........ਉੱਤਰਦਾਤਾ

**ਅਪੀਲ ਕੇਸ ਨੰ:2314 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵਲੋ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ (98145-06858) ਦੀ ਤਰਫੋਂ ਸ਼੍ਰੀ ਨਿਤਿਨ ਵਰਮਾ, ਐਡਵੋਕੇਟ (90414-88229)।

**ਹੁਕਮ:-**

ਅੱਜ ਪੇਸ਼ੀ ਸਮੇਂ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਵੱਲੋਂ ਦੱਸਿਆ ਗਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਨੇ ਕੁੱਝ ਨਿੱਜੀ ਮੁਸ਼ਕਿਲ ਕਾਰਨ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 10-12-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਤੋਂ ਇਲਾਵਾ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਦੀ ਤਰਫੋਂ ਸ਼੍ਰੀ ਨਿਤਿਨ ਵਰਮਾ, ਐਡਵੋਕੇਟ ਨੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਵੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਬਾਰੇ ਕੁੱਝ ਸਮੇਂ ਦੀ ਮੰਗ ਕੀਤੀ ਹੈ।

2. ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 20-11-2018 ਰਾਹੀਂ ਲੋਕ ਸੂਚਨਾ ਅਧਿਕਾਰੀ (ਪ੍ਰਿੰਸੀਪਲ) ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਵਿੱਚ ਪੇਸ਼ੀ ਤੇ ਖੁਦ ਹਾਜ਼ਰ ਹੋ ਕੇ ਕੇਸ ਦੀ ਸਹੀ ਸਥਿਤੀ ਤੋਂ ਕਮਿਸ਼ਨ ਨੂੰ ਜਾਣੂ ਕਰਵਾਇਆ ਜਾਵੇ ਅਤੇ ਕਮਿਸ਼ਨ ਦਾ ਕੀਮਤੀ ਸਮਾਂ ਬੇਵਜ੍ਹਾ ਬਰਬਾਦ ਨਾ ਕੀਤਾ ਜਾਵੇ। ਪਰੰਤੂ ਉਨ੍ਹਾਂ ਵੱਲੋਂ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਹੀਂ ਕੀਤੀ ਗਈ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ (ਪ੍ਰਿੰਸੀਪਲ) ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕਮਿਸ਼ਨ ਦੇ ਹੁਕਮਾਂ ਦੀ ਪਾਲਣਾ ਨਾ ਕਰਨ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫ਼ਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 11 ਦਸੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀਮਤੀ ਪੂਨਮ ਗੁਪਤਾ, (98769-29371)
ਵਾਸੀ 10, ਨੇਤਾਜੀ ਪਾਰਕ,
ਨੇੜੇ ਹੋਟਲ ਕਮਲ ਪੈਲੇਸ,
ਜਲੰਧਰ-144001. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਬਨਾਮ

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2315 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵਲੋ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ (98145-06858) ਦੀ ਤਰਫੋਂ ਸ਼੍ਰੀ ਨਿਤਿਨ ਵਰਮਾ, ਐਡਵੋਕੇਟ (90414-88229)।

**ਹੁਕਮ:-**

ਅੱਜ ਪੇਸ਼ੀ ਸਮੇਂ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਵੱਲੋਂ ਦੱਸਿਆ ਗਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਨੇ ਕੁੱਝ ਨਿੱਜੀ ਮੁਸ਼ਕਿਲ ਕਾਰਨ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 10-12-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਤੋਂ ਇਲਾਵਾ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਦੀ ਤਰਫੋਂ ਸ਼੍ਰੀ ਨਿਤਿਨ ਵਰਮਾ, ਐਡਵੋਕੇਟ ਨੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਵੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਬਾਰੇ ਕੁੱਝ ਸਮੇਂ ਦੀ ਮੰਗ ਕੀਤੀ ਹੈ।

2. ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 20-11-2018 ਰਾਹੀਂ ਲੋਕ ਸੂਚਨਾ ਅਧਿਕਾਰੀ (ਪ੍ਰਿੰਸੀਪਲ) ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਵਿੱਚ ਪੇਸ਼ੀ ਤੇ ਖੁਦ ਹਾਜ਼ਰ ਹੋ ਕੇ ਕੇਸ ਦੀ ਸਹੀ ਸਥਿਤੀ ਤੋਂ ਕਮਿਸ਼ਨ ਨੂੰ ਜਾਣੂ ਕਰਵਾਇਆ ਜਾਵੇ ਅਤੇ ਕਮਿਸ਼ਨ ਦਾ ਕੀਮਤੀ ਸਮਾਂ ਬੇਵਜ੍ਹਾ ਬਰਬਾਦ ਨਾ ਕੀਤਾ ਜਾਵੇ। ਪਰੰਤੂ ਉਨ੍ਹਾਂ ਵੱਲੋਂ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਹੀਂ ਕੀਤੀ ਗਈ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ (ਪ੍ਰਿੰਸੀਪਲ) ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕਮਿਸ਼ਨ ਦੇ ਹੁਕਮਾਂ ਦੀ ਪਾਲਣਾ ਨਾ ਕਰਨ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫ਼ਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀਮਤੀ ਪੂਨਮ ਗੁਪਤਾ, (98769-29371)
ਵਾਸੀ 10, ਨੇਤਾਜੀ ਪਾਰਕ,
ਨੇੜੇ ਹੋਟਲ ਕਮਲ ਪੈਲੇਸ,
ਜਲੰਧਰ-144001. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2316 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵਲੋ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ (98145-06858) ਦੀ ਤਰਫੋਂ ਸ਼੍ਰੀ ਨਿਤਿਨ ਵਰਮਾ, ਐਡਵੋਕੇਟ (90414-88229)।

**ਹੁਕਮ:-**

ਅੱਜ ਪੇਸ਼ੀ ਸਮੇਂ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਵੱਲੋਂ ਦੱਸਿਆ ਗਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਨੇ ਕੁੱਝ ਨਿੱਜੀ ਮੁਸ਼ਕਿਲ ਕਾਰਨ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 10-12-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਤੋਂ ਇਲਾਵਾ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਦੀ ਤਰਫੋਂ ਸ਼੍ਰੀ ਨਿਤਿਨ ਵਰਮਾ, ਐਡਵੋਕੇਟ ਨੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਵੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਬਾਰੇ ਕੁੱਝ ਸਮੇਂ ਦੀ ਮੰਗ ਕੀਤੀ ਹੈ।

2. ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 20-11-2018 ਰਾਹੀਂ ਲੋਕ ਸੂਚਨਾ ਅਧਿਕਾਰੀ (ਪ੍ਰਿੰਸੀਪਲ) ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਵਿੱਚ ਪੇਸ਼ੀ ਤੇ ਖੁਦ ਹਾਜ਼ਰ ਹੋ ਕੇ ਕੇਸ ਦੀ ਸਹੀ ਸਥਿਤੀ ਤੋਂ ਕਮਿਸ਼ਨ ਨੂੰ ਜਾਣੂ ਕਰਵਾਇਆ ਜਾਵੇ ਅਤੇ ਕਮਿਸ਼ਨ ਦਾ ਕੀਮਤੀ ਸਮਾਂ ਬੇਵਜ੍ਹਾ ਬਰਬਾਦ ਨਾ ਕੀਤਾ ਜਾਵੇ। ਪਰੰਤੂ ਉਨ੍ਹਾਂ ਵੱਲੋਂ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਹੀਂ ਕੀਤੀ ਗਈ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ (ਪ੍ਰਿੰਸੀਪਲ) ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਕਮਿਸ਼ਨ ਦੇ ਹੁਕਮਾਂ ਦੀ ਪਾਲਣਾ ਨਾ ਕਰਨ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫ਼ਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 09-01-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 11 **ਦਸੰਬਰ,** 2018. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**